# Four days Training Programme on Career Counselling and Mock Interviews

Training and Placement Cell of Sri Guru Teg Bahadur Khalsa College, Sri Anandpur Sahib, under the guidance of Shiromani Gurudwara Parbandhak Committee, Sri Amritsar Sahib, organized a Four Day Training Programme on "Career Counselling and Mock Interviews" from 27th February to 1st March 2024. Miss. Deepika Chawla was the resource person of the training, a trainer from Naandi Foundation. The event was organized in collaboration with Mahindra and Mahindra Group of Companies. Almost 200 students from different streams including Humanities, Commerce, Science, Agriculture and Computer Science participated in the training. The training equipped the participants with all the necessary skills required to aim and achieve the highest in their careers. A short "Valedictory Function" was organised on the last day of the training programme in which Dr. Manjit Singh, the convener training and placement cell thanked the management for the effort. Dr. Jasvir Singh, the principal of the college appreciated the hard work of the training and placement cell of the institute and appreciated the students who participated in the event. The trainer, Ms. Deepika Chawla, was honoured after a formal vote of thanks.









## ਖਾਲਸਾ ਕਾਲਜ ਵਿਖੇ ਚਾਰ ਰੋਜ਼ਾ ਟ੍ਰੇਨਿੰਗ ਪ੍ਰੋਗਰਾਮ ਸੰਪੰਨ

ਸ੍ਰੀ ਅਨੰਦਪੁਰ ਸਾਹਿਬ, 2 ਮਾਰਚ, (ਜੇਕੇ ਅਨੰਦਪੁਰੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਮਾਣਯੋਗ ਪ੍ਰਧਾਨ ਸਾਹਿਬ ਸ. ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅਤੇ ਸਕੱਤਰ ਸਿੱਖਿਆ ਸ. ਸੁਖਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਡਾਇਰੈਕਟੋਰੇਟ ਆਫ ਐਜੂਕੇਸ਼ਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਾਰ ਰੋਜ਼ਾ ਕਰੀਅਰ ਕੌਂਸਲਿੰਗ ਅਤੇ ਮੌਕ ਇੰਟਰਵਿਊ ਕਰਵਾ ਕੇ ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਲ ਬਣਾਉਣ ਲਈ ਸਲਾਂਘਾਯੋਗ ਉਪਰਾਲਾ ਕੀਤਾ ਗਿਆ ਇਸ ਪ੍ਰੋਗਰਾਮ ਦੇ ਚੌਥੇ ਅਤੇ ਆਖਰੀ ਦਿਨ ਕੰਪਿਊਟਰ ਵਿਭਾਗ ਅਤੇ ਆਰਟਸ ਵਿਭਾਗ ਦੇ ਵਿਦਿਆਰਥੀਆਂ ਨੂੰ ਟ੍ਰੇਨਿੰਗ ਦਿੱਤੀ ਗਈ ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਰਿਜ਼ਿਊਮ ਤਿਆਰ ਕਰਕੇ ਇੰਟਰਵਿਊ ਦੇਣ ਤੱਕ ਦੀ ਸਾਰੀ ਪ੍ਰਕਿਰਿਆ ਤੋਂ ਜਾਣੂ ਕਰਵਾਇਆ ਗਿਆ ਇਹ ਕਰੀਅਰ ਕੌਂਸਲਿੰਗ ਨੰਦੀ ਫਾਊਂਡੇਸ਼ਨ ਅਤੇ ਮਹਿੰਦਰਾ ਦੇ ਸਹਿਯੋਗ ਨਾਲ ਕਰਵਾਈ ਗਈ ਇਸ ਸਮਾਗਮ ਦੇ ਚੌਥੇ ਅਤੇ ਆਖਰੀ ਦਿਨ ਵੀ ਵਿਸ਼ੇਸ਼ ਤੌਰ ਤੇ ਦੀਪਿਕਾ ਚਾਵਲਾ ਐਕਸਪਰਟ ਅਤੇ ਟ੍ਰੇਨਰ ਦੇ ਤੌਰ ਤੇ ਪੁੱਜੇ ਇਸ ਪ੍ਰੋਗਰਾਮ ਦੇ ਆਖਰੀ ਦਿਨ ਦੀਪਿਕਾ ਚਾਵਲਾ ਨੂੰ ਕਾਲਜ ਪ੍ਰਿੰਸੀਪਲ ਤੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਦੁਆਰਾ ਸਨਮਾਨਿਤ ਕੀਤਾ ਗਿਆ ਇਹ ਕਰੀਅਰ ਕੌਂਸਲਿੰਗ ਯੂ.ਜੀ. ਅਤੇ ਪੀ.ਜੀ. ਦੇ ਆਖਰੀ ਸਾਲ ਦੇ ਵਿਦਿਆਰਥੀਆਂ ਲਈ ਫਾਇਦੇਮੰਦ ਸਾਬਤ ਹੋਵੇਗੀ ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਟ੍ਰੇਨਿੰਗ ਅਤੇ ਪਲੇਸਮੈਂਟ ਸੈਲ ਦੇ ਕਨਵੀਨਰ ਡਾ. ਮਨਜੀਤ ਸਿੰਘ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਕਾਲਜ ਵਿੱਚ ਹੋਣੇ ਬਹੁਤ ਜਰੂਰੀ ਹਨ ਜੋ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਉਜਵਲ ਭਵਿੱਖ ਬਣਾਉਣ ਲਈ ਸਹਾਈ ਹੁੰਦੇ ਹਨ ਉਨਾਂ ਨੇ ਵਿਦਿਆਰਥੀਆਂ ਨੂੰ ਵੀ ਅਜਿਹੇ ਪ੍ਰੋਗਰਾਮਾਂ ਵਿੱਚ ਵਧ-ਚੜ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਇਸ ਮੌਕੇ ਡਾ. ਮਨਦੀਪ ਕੌਰ ਕੈਮਿਸਟਰੀ ਵਿਭਾਗ, ਡਾ. ਮਨਪ੍ਰੀਤ ਕੌਰ ਪੰਜਾਬੀ ਵਿਭਾਗ ਅਤੇ ਪ੍ਰੋ. ਅਮਨਦੀਪ ਕੌਰ ਕੰਪਿਊਟਰ ਵਿਭਾਗ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

**(Top) Glimpses of the training session being conducted (Bottom) A new paper cutting displaying the token of appraisal being presented to the trainer at the valedictory session.**